Punjab Vigilance Bureau

# Vigilance Bureau arrests Inspector of MC Phagwara for taking bribe of Rs. One lakh

Chandigarh, February 9:

The Punjab Vigilance Bureau today arrested an Inspector posted in Municipal Corporation, Phagwara in building branch for taking bribe of Rs. 1,00,000.

Disclosing this here today, DGP-cum-Chief Director Vigilance Bureau B.K.Uppal said that Inspector Palaparneet Singh of MC Phagwara has been arrested by the Vigilance team for accepting bribe of Rs.1,00,000 from the complainant Satinder Singh resident of Phagwara, Kapurthala.

He further informed that the complainant has approached the VB and alleged that above said Inspector has demanded Rs. 1,00,000 as bribe for allowing construction of boundary wall and approving the map of his 20 marla plot which was registered in the name of his mother. The complainant stated that Inspector Palaparneet Singh has demanded Rs. 1,00,000 as government fee for approving the map of his plot. The complainant's father Jaswinder Singh has given him Rs 50,000 in two installments.

Consequently, he added when complainant's father Jaswinder Singh visited the office, he came to know that accused Inspector has been transferred after suspension. When Jaswinder Singh inquired about the file relating to his plot, he was told that no such file was submitted in this office. In this way, Inspector Palaparneet Singh has duped Jaswinder Singh and taken Rs. 1,00,000 in the name of Government fee.

He added that Jaswinder Singh has registered a complaint against the above said Inspector in Police Station Satnampura, Phagwara. Investigation Officer has called both the parties in Police Station and during the investigation the above said Inspector has accepted that he has taken Rs. 1,00,000 from Jaswinder Singh. Further, Inspector Palaparneet Singh said that he has returned Rs. 15,000 to Jaswinder Singh and would return the remaining amount within one month. Inspector Palaparneet Singh has given a cheque of Rs. 85000 of Kotak Mahindra Bank to Jaswinder Singh. But, when he submitted this cheque of Rs. 85000 for encashment but the same was bounced by the bank.

In this way, Inspector Palaparneet Singh took undue favour by misusing his official position and his involvement in this bribery case has been established.

He informed that a case under Prevention of Corruption Act has been registered against the accused Inspector at VB Police station, Jalandhar and further investigation was under progress.

------------

ਵਿਜੀਲੈਂਸ ਬਿਊਰੋ, ਪੰਜਾਬ

## ਵਿਜੀਲੈਂਸ ਬਿਊਰੋ ਨੇ ਨਗਰ ਨਿਗਮ ਫਗਵਾੜਾ ਦੇ ਇੰਸਪੈਕਟਰ ਨੂੰ ਇੱਕ ਲੱਖ ਰੁਪਏ ਦੀ ਰਿਸਵਤ ਦੇ ਮਾਮਲੇ ਚ ਕੀਤਾ ਕਾਬੂ

ਚੰਡੀਗੜ੍ਹ, 9 ਫਰਵਰੀ: ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਨਗਰ ਨਿਗਮ, ਫਗਵਾੜਾ ਦੀ ਬਿਲਡਿੰਗ ਬ੍ਰਾਂਚ ਵਿਖੇ ਤਾਇਨਾਤ ਇਕ ਇੰਸਪੈਕਟਰ ਨੂੰ 1,00,000 ਰੁਪਏ ਦੀ ਰਿਸਵਤ ਲੈਣ ਦੇ ਮਾਮਲੇ ਵਿੱਚ ਗ੍ਰਿਫਤਾਰ ਕੀਤਾ ਹੈ।

ਇਹ ਪ੍ਰਗਟਾਵਾ ਕਰਦਿਆਂ ਡੀਜੀਪੀ-ਕਮ-ਚੀਫ ਡਾਇਰੈਕਟਰ ਵਿਜੀਲੈਂਸ ਬਿਊਰੋ ਬੀ.ਕੇ. ਉੱਪਲ ਨੇ ਦੱਸਿਆ ਕਿ ਨਗਰ ਨਿਗਮ ਫਗਵਾੜਾ ਦੇ ਇੰਸਪੈਕਟਰ ਪਲਪਰਨੀਤ ਸਿੰਘ ਨੂੰ ਵਿਜੀਲੈਂਸ ਟੀਮ ਵਲੋਂ ਸਕਿਾਇਤਕਰਤਾ ਸਤਿੰਦਰ ਸਿੰਘ ਨਿਵਾਸੀ ਫਗਵਾੜਾ, ਕਪੂਰਥਲਾ ਤੋਂ 1,00,000 ਰੁਪਏ ਦੀ ਰਿਸਵਤ ਹਾਸਲ ਕਰਨ ਦੇ ਕੇਸ ਵਿਚ ਗ੍ਰਿਫਤਾਰ ਕੀਤਾ ਹੈ।

ਉਹਨਾਂ ਅੱਗੇ ਦੱਸਿਆ ਕਿ ਸਕਿਾਇਤਕਰਤਾ ਨੇ ਵਿਜੀਲੈਂਸ ਤੱਕ ਪਹੁੰਚ ਕੀਤੀ ਅਤੇ ਦੋਸ ਲਾਇਆ ਕਿ ਉਪਰੋਕਤ ਇੰਸਪੈਕਟਰ ਨੇ ਉਸ (ਸਕਿਾਇਤਕਰਤਾ) ਦੀ ਮਾਂ ਦੇ ਨਾਮ ‘ਤੇ ਰਜਿਸਟਰਡ ਇੱਕ 20 ਮਰਲਾ ਪਲਾਟ ਦੀ ਚਾਰਦੁਆਰੀ ਦੀ ਉਸਾਰੀ ਕਰਨ ਅਤੇ ਨਕਸੇ ਨੂੰ ਮਨਜੂਰੀ ਦੇਣ ਲਈ ਰਿਸਵਤ ਵਜੋਂ 1,00,000 ਰੁਪਏ ਦੀ ਮੰਗ ਕੀਤੀ। ਸਕਿਾਇਤਕਰਤਾ ਨੇ ਦੱਸਿਆ ਕਿ ਇੰਸਪੈਕਟਰ ਪਲਪਰਨੀਤ ਸਿੰਘ ਨੇ ਉਸਦੇ ਪਲਾਟ ਦੇ ਨਕਸੇ ਨੂੰ ਮਨਜੂਰੀ ਲਈ ਸਰਕਾਰੀ ਫੀਸ ਵਜੋਂ 1,00,000 ਰੁਪਏ ਮੰਗੇ ਅਤੇ

ਸ਼ਿਕਾਇਤਕਰਤਾ ਦੇ ਪਿਤਾ ਜਸਵਿੰਦਰ ਸਿੰਘ ਨੇ ਉਸਨੂੰ 50,000 ਰੁਪਏ ਦੀਆਂ ਦੋ ਕਿਸਤਾਂ ਵਿੱਚ ਦੇ ਦਿੱਤੇ।

ਉਹਨਾਂ ਕਿਹਾ ਕਿ ਜਦੋਂ ਸ਼ਿਕਾਇਤਕਰਤਾ ਦੇ ਪਿਤਾ ਜਸਵਿੰਦਰ ਸਿੰਘ ਦਫਤਰ ਗਏ ਤਾਂ ਉਸਨੂੰ ਪਤਾ ਲੱਗਿਆ ਕਿ ਮੁਲਜਮ ਇੰਸਪੈਕਟਰ ਨੂੰ ਮੁਅੱਤਲ ਕਰਨ ਤੋਂ ਬਾਅਦ ਟਰਾਂਸਫਰ ਕਰ ਦਿੱਤਾ ਗਿਆ ਹੈ। ਜਦੋਂ ਜਸਵਿੰਦਰ ਸਿੰਘ ਨੇ ਉੱਥੇ ਆਪਣੇ ਪਲਾਟ ਨਾਲ ਸਬੰਧਤ ਫਾਈਲ ਬਾਰੇ ਪੁੱਛਿਆ ਤਾਂ ਉਸ ਨੂੰ ਦੱਸਿਆ ਗਿਆ ਕਿ ਇਸ ਦਫਤਰ ਵਿੱਚ ਅਜਿਹੀ ਕੋਈ ਫਾਈਲ ਜਮ੍ਹਾ ਹੀ ਨਹੀਂ ਕੀਤੀ ਗਈ। ਇਸ ਤਰ੍ਹਾਂ ਇੰਸਪੈਕਟਰ ਪਲਪਰਨੀਤ ਸਿੰਘ ਨੇ ਜਸਵਿੰਦਰ ਸਿੰਘ ਨੂੰ ਧੋਖਾ ਦਿੱਤਾ ਅਤੇ ਸਰਕਾਰੀ ਫੀਸ ਦੇ ਨਾਮ 'ਤੇ 1,00,000 ਰੁਪਏ ਠੱਗ ਲਏ।

ਉਨ੍ਹਾਂ ਦੱਸਿਆ ਕਿ ਜਸਵਿੰਦਰ ਸਿੰਘ ਨੇ ਉਕਤ ਇੰਸਪੈਕਟਰ ਖ਼ਿਲਾਫ਼ ਥਾਣਾ ਸਤਨਾਮਪੁਰਾ, ਫਗਵਾੜਾ ਵਿਖੇ ਸ਼ਿਕਾਇਤ ਦਰਜ ਕਰਵਾਈ ਹੈ। ਜਾਂਚ ਅਧਿਕਾਰੀ ਨੇ ਦੋਵਾਂ ਧਿਰਾਂ ਨੂੰ ਥਾਣੇ ਵਿੱਚ ਬੁਲਾਇਆ ਅਤੇ ਜਾਂਚ ਦੌਰਾਨ ਉਕਤ ਇੰਸਪੈਕਟਰ ਨੇ ਸਵੀਕਾਰ ਕਰ ਲਿਆ ਕਿ ਉਸਨੇ ਜਸਵਿੰਦਰ ਸਿੰਘ ਤੋਂ 1,00,000 ਰੁਪਏ ਲਏ ਹਨ। ਇਸ ਤੋਂ ਇਲਾਵਾ ਇੰਸਪੈਕਟਰ ਪਾਲਪਰਨੀਤ ਸਿੰਘ ਨੇ ਦੱਸਿਆ ਕਿ ਉਸਨੇ ਜਸਵਿੰਦਰ ਸਿੰਘ ਨੂੰ 15,000 ਰੁਪਏ ਪਹਿਲਾਂ ਹੀ ਵਾਪਸ ਕਰ ਦਿੱਤੇ ਹਨ ਅਤੇ ਇੱਕ ਮਹੀਨੇ ਦੇ ਅੰਦਰ ਬਾਕੀ ਰਕਮ ਵਾਪਸ ਕਰ ਦੇਵੇਗਾ। ਇੰਸਪੈਕਟਰ ਪਾਲਪਰਨੀਤ ਸਿੰਘ ਨੇ ਜਸਵਿੰਦਰ ਸਿੰਘ ਨੂੰ ਕੋਟਕ ਮਹਿੰਦਰਾ ਬੈਂਕ ਦਾ 85000 ਰੁਪਏ ਦਾ ਇੱਕ ਚੈੱਕ ਦੇ ਦਿੱਤਾ ਪਰ ਜਦੋਂ ਉਸਨੇ ਪੈਸੇ ਕਢਵਾਉਣ ਲਈ ਚੈਕ ਲਗਾਇਆ ਤਾਂ ਬੈਂਕ ਵੱਲੋਂ ਚੈਕ ਬਾਊਂਸ ਕਰ ਦਿੱਤਾ ਗਿਆ।

ਇਸ ਤਰ੍ਹਾਂ, ਇੰਸਪੈਕਟਰ ਪਾਲਪਰਨੀਤ ਸਿੰਘ ਨੇ ਆਪਣੇ ਸਰਕਾਰੀ ਅਹੁਦੇ ਦੀ ਦੁਰਵਰਤੋਂ ਕਰਦਿਆਂ ਗਲਤ ਢੰਗ ਨਾਲ ਇਸਦਾ ਲਾਹਾ ਲਿਆ ਅਤੇ ਰਿਸ਼ਵਤਖੋਰੀ ਦੇ ਕੇਸ ਵਿੱਚ ਉਸਦੀ ਸ਼ਮੂਲੀਅਤ ਸਾਬਤ ਹੋਈ।

ਉਨ੍ਹਾਂ ਦੱਸਿਆ ਕਿ ਦੋਸ਼ੀ ਇੰਸਪੈਕਟਰ ਖ਼ਿਲਾਫ਼ ਵਿਜੀਲੈਂਸ ਦੇ ਪੁਲਿਸ ਥਾਣਾ, ਜਲੰਧਰ ਵਿਖੇ ਭ੍ਰਿਸ਼ਟਾਚਾਰ ਰੋਕੂ ਐਕਟ ਤਹਿਤ ਕੇਸ ਦਰਜ ਕਰਕੇ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਅਗਲੇਰੀ ਪੜਤਾਲ ਜਾਰੀ ਹੈ।

-----------